ਭੈਰਉ ਮਹਲਾ ੫ ॥ ਸਤਿਗੁਰਿ ਮੋ ਕਉ ਕੀਨੋ ਦਾਨੁ ॥ ਅਮੋਲ ਰਤਨੁ ਹਰਿ ਦੀਨੋ ਨਾਮੁ ॥ ਸਹਜ ਬਿਨੋਦ ਚੋਜ ਆਨੰਤਾ ॥ ਨਾਨਕ ਕਉ ਪ੍ਰਭੁ ਮਿਲਿਓ ਅਚਿੰਤਾ ॥੧॥ ਕਹੁ ਨਾਨਕ ਕੀਰਤਿ ਹਰਿ ਸਾਚੀ ॥ ਬਹੁਰਿ ਬਹੁਰਿ ਤਿਸੁ ਸੰਗਿ ਮਨੁ ਰਾਚੀ ॥੧॥ ਰਹਾਉ ॥ ਅਚਿੰਤ ਹਮਾਰੈ ਭੋਜਨ ਭਾਉ ॥ ਅਚਿੰਤ ਹਮਾਰੈ ਲੀਚੈ ਨਾਉ ॥ ਅਚਿੰਤ ਹਮਾਰੈ ਸਬਦਿ ਉਧਾਰ ॥ ਅਚਿੰਤ ਹਮਾਰੈ ਭਰੇ ਭੰਡਾਰ ॥੨॥ ਅਚਿੰਤ ਹਮਾਰੈ ਕਾਰਜ ਪੂਰੇ ॥ ਅਚਿੰਤ ਹਮਾਰੈ ਲਥੇ ਵਿਸੂਰੇ ॥ ਅਚਿੰਤ ਹਮਾਰੈ ਬੈਰੀ ਮੀਤਾ ॥ ਅਚਿੰਤੋ ਹੀ ਇਹੁ ਮਨੁ ਵਸਿ ਕੀਤਾ ॥੩॥ ਅਚਿੰਤ ਪ੍ਰਭੂ ਹਮ ਕੀਆ ਦਿਲਾਸਾ ॥ ਅਚਿੰਤ ਹਮਾਰੀ ਪੂਰਨ ਆਸਾ ॥ ਅਚਿੰਤ ਹਮ੍ਾ ਕਉ ਸਗਲ ਸਿਧਾਂਤੁ ॥ ਅਚਿੰਤੁ ਹਮ ਕਉ ਗੁਰਿ ਦੀਨੋ ਮੰਤੁ ॥੪॥ {ਪੰਨਾ 1157}

ਪਦਅਰਥ:- ਸਤਿਗੁਰਿ—ਗੁਰੂ ਨੇ। ਮੋ ਕਉ—ਮੈਨੂੰ। ਅਮੋਲ—ਜੋ ਕਿਸੇ ਭੀ ਮੁੱਲ ਤੋਂ ਨਾਹ ਮਿਲ ਸਕੇ। ਸਹਜ ਬਿਨੋਦ—ਆਤਮਕ ਅਡੋਲਤਾ ਦੇ ਆਨੰਦ। ਆਨੰਤਾ—ਬੇਅੰਤ। ਅਚਿੰਤਾ—(ਜੀਵਾਂ ਦੇ ਮਨ ਦੀ) ਚਿੰਤਾ ਦੂਰ ਕਰਨ ਵਾਲਾ।1।

ਕਹੁ—ਆਖ। ਨਾਨਕ—ਹੇ ਨਾਨਕ! ਕੀਰਤਿ—ਸਿਫ਼ਤਿ-ਸਾਲਾਹ। ਸਾਚੀ—ਸਦਾ-ਥਿਰ ਰਹਿਣ ਵਾਲੀ। ਬਹੁਰਿ ਬਹੁਰਿ—ਮੁੜ ਮੁੜ। ਤਿਸੁ ਸੰਗਿ—ਉਸ (ਸਿਫ਼ਤਿ-ਸਾਲਾਹ) ਨਾਲ। ਰਾਚੀ—ਜੋੜੀ ਰੱਖ।1। ਰਹਾਉ।

ਅਚਿੰਤ ਭਾਉ—ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦਾ ਪਿਆਰ। ਹਮਾਰੈ—ਮੇਰੇ ਵਾਸਤੇ। ਲੀਚੈ—ਲਈਦਾ ਹੈ। ਅਚਿੰਤ ਨਾਉ—ਅਚਿੰਤ ਪ੍ਰਭੂ ਦਾ ਨਾਮ। ਅਚਿੰਤ ਸਬਦਿ—ਚਿੰਤਾ ਦੂਰ ਕਰਨ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਰਾਹੀਂ। ਉਧਾਰ—ਪਾਰ-ਉਤਾਰਾ।2।

ਪੂਰੇ—ਸਫਲ ਹੁੰਦੇ ਹਨ। ਵਿਸੂਰੇ—ਚਿੰਤਾ-ਝੋਰੇ। ਮੀਤਾ—ਮਿੱਤਰ। ਅਚਿੰਤੋ ਹੀ—ਚਿੰਤਾ ਦੂਰ ਕਰਨ ਵਾਲਾ ਹਰਿ ਨਾਮ ਲੈ ਕੇ ਹੀ। ਵਸਿ—ਕਾਬੂ ਵਿਚ।3।

ਹਮ—ਸਾਨੂੰ, ਮੈਨੂੰ। ਦਿਲਾਸਾ—ਹੌਸਲਾ। ਹਮ੍ਾ ਕਉ—ਮੇਰੇ ਵਾਸਤੇ। ਸਿਧਾਂਤੁ—ਸਿੱਧਾਂਤੁ, ਧਰਮ ਦਾ ਨਿਚੋੜ। ਅਚਿੰਤੁ—ਚਿੰਤਾ ਦੂਰ ਕਰਨ ਵਾਲੇ ਪ੍ਰਭੂ ਦਾ ਨਾਮ। ਗੁਰਿ—ਗੁਰੂ ਨੇ। ਮੰਤੁ—ਉਪਦੇਸ਼।4।

ਅਰਥ:- ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਦੀ ਸਦਾ ਕਾਇਮ ਰਹਿਣ ਵਾਲੀ ਵਡਿਆਈ ਕਰਿਆ ਕਰ। ਆਪਣੇ ਮਨ ਨੂੰ ਮੁੜ ਮੁੜ ਉਸ (ਸਿਫ਼ਤਿ-ਸਾਲਾਹ) ਨਾਲ ਜੋੜੀ ਰੱਖ।1। ਰਹਾਉ।

ਹੇ ਭਾਈ! ਗੁਰੂ ਨੇ ਮੈਨੂੰ (ਇਹ) ਦਾਤਿ ਬਖ਼ਸ਼ੀ ਹੈ, (ਗੁਰੂ ਨੇ ਮੈਨੂੰ ਉਹ) ਨਾਮ-ਰਤਨ ਦਿੱਤਾ ਹੈ ਜੋ ਕਿਸੇ ਭੀ ਮੁੱਲ ਤੋਂ ਨਹੀਂ ਮਿਲ ਸਕਦਾ। (ਮੈਨੂੰ) ਨਾਨਕ ਨੂੰ (ਗੁਰੂ ਦੀ ਕਿਰਪਾ ਨਾਲ) ਚਿੰਤਾ ਦੂਰ ਕਰਨ ਵਾਲਾ ਪਰਮਾਤਮਾ ਆ ਮਿਲਿਆ ਹੈ, (ਹੁਣ ਮੇਰੇ ਅੰਦਰ) ਆਤਮਕ ਅਡੋਲਤਾ ਦੇ ਬੇਅੰਤ ਆਨੰਦ-ਤਮਾਸ਼ੇ ਬਣੇ ਰਹਿੰਦੇ ਹਨ।1।

ਹੇ ਭਾਈ! (ਗੁਰੂ ਦੀ ਕਿਰਪਾ ਨਾਲ ਹੁਣ) ਚਿੰਤਾ ਦੂਰ ਕਰਨ ਵਾਲੇ ਪ੍ਰਭੂ ਦਾ ਪਿਆਰ ਹੀ ਮੇਰੇ ਵਾਸਤੇ (ਆਤਮਕ ਜੀਵਨ ਦੀ) ਖ਼ੁਰਾਕ ਹੈ, ਮੇਰੇ ਅੰਦਰ ਅਚਿੰਤ ਪ੍ਰਭੂ ਦਾ ਨਾਮ ਹੀ ਸਦਾ ਲਿਆ ਜਾ ਰਿਹਾ ਹੈ, ਅਚਿੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਵਿਕਾਰਾਂ ਤੋਂ ਮੇਰਾ ਬਚਾਉ ਹੋ ਰਿਹਾ ਹੈ। (ਗੁਰੂ ਦੀ ਕਿਰਪਾ ਨਾਲ) ਮੇਰੇ ਅੰਦਰ ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦੇ ਨਾਮ ਦੇ ਖ਼ਜ਼ਾਨੇ ਭਰੇ ਗਏ ਹਨ।2।

ਹੇ ਭਾਈ! ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਮੇਰੇ ਸਾਰੇ ਕੰਮ ਸਫਲ ਹੋ ਰਹੇ ਹਨ, (ਮੇਰੇ ਅੰਦਰੋਂ ਸਾਰੇ) ਚਿੰਤਾ-ਝੋਰੇ ਮੁੱਕ ਗਏ ਹਨ, ਹੁਣ ਮੈਨੂੰ ਵੈਰੀ ਭੀ ਮਿੱਤਰ ਦਿੱਸ ਰਹੇ ਹਨ। ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਲੈ ਕੇ ਹੀ ਮੈਂ ਆਪਣਾ ਇਹ ਮਨ ਵੱਸ ਵਿਚ ਕਰ ਲਿਆ ਹੈ।3।

ਹੇ ਭਾਈ! ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਨੇ ਮੈਨੂੰ ਹੌਸਲਾ ਬਖ਼ਸ਼ਿਆ ਹੈ, ਮੇਰੀਆਂ ਸਾਰੀਆਂ ਆਸਾਂ ਪੂਰੀਆਂ ਹੋ

ਗਈਆਂ ਹਨ। ਚਿੰਤਾ ਦੂਰ ਕਰਨ ਵਾਲੇ ਪ੍ਰਭੂ ਦਾ ਨਾਮ ਜਪਣਾ ਹੀ ਮੇਰੇ ਵਾਸਤੇ ਸਾਰੇ ਧਰਮਾਂ ਦਾ ਨਿਚੋੜ ਹੈ। ਹੇ ਭਾਈ! ਇਹ ਨਾਮ-ਮੰਤ੍ਰ ਮੈਨੂੰ ਗੁਰੂ ਨੇ ਦਿੱਤਾ ਹੈ।4।

**ਅਚਿੰਤ ਹਮਾਰੇ ਬਿਨਸੇ ਬੈਰ ॥ ਅਚਿੰਤ ਹਮਾਰੇ ਮਿਟੇ ਅੰਧੇਰ ॥ ਅਚਿੰਤੋ ਹੀ ਮਨਿ ਕੀਰਤਨੁ ਮੀਠਾ ॥ ਅਚਿੰਤੋ ਹੀ ਪ੍ਰਭੁ ਘਟਿ ਘਟਿ ਡੀਠਾ ॥ ੫ ॥ ਅਚਿੰਤ ਮਿਟਿਓ ਹੈ ਸਗਲੋ ਭਰਮਾ ॥ ਅਚਿੰਤ ਵਸਿਓ ਮਨਿ ਸੁਖ ਬਿਸ੍ਰਾਮਾ ॥ ਅਚਿੰਤ ਹਮਾਰੈ ਅਨਹਤ ਵਾਜੈ ॥ ਅਚਿੰਤ ਹਮਾਰੈ ਗੋਬਿੰਦੁ ਗਾਜੈ ॥੬॥ ਅਚਿੰਤ ਹਮਾਰੈ ਮਨੁ ਪਤੀਆਨਾ ॥ ਨਿਹਚਲ ਧਨੀ ਅਚਿੰਤੁ ਪਛਾਨਾ ॥ ਅਚਿੰਤੋ ਉਪਜਿਓ ਸਗਲ ਬਿਬੇਕਾ ॥ ਅਚਿੰਤ ਚਰੀ ਹਥਿ ਹਰਿ ਹਰਿ ਟੇਕਾ ॥ ੭ ॥ ਅਚਿੰਤ ਪ੍ਰਭੂ ਧੁਰਿ ਲਿਖਿਆ ਲੇਖੁ ॥ ਅਚਿੰਤ ਮਿਲਿਓ ਪ੍ਰਭੁ ਠਾਕੁਰੁ ਏਕੁ ॥ ਚਿੰਤ ਅਚਿੰਤਾ ਸਗਲੀ ਗਈ ॥ ਪ੍ਰਭ ਨਾਨਕ ਨਾਨਕ ਨਾਨਕ ਮਈ ॥੮॥੩॥੬॥**

{ਪੰਨਾ 1157}

ਪਦਅਰਥ:- ਬੈਰ—ਵੈਰ-ਵਿਰੋਧ {ਬਹੁ-ਵਚਨ}। ਅੰਧੇਰ—ਮਾਇਆ ਦੇ ਮੋਹ ਦੇ ਹਨੇਰੇ। ਅਚਿੰਤੋ ਹੀ—ਚਿੰਤਾ ਦੂਰ ਕਰਨ ਵਾਲੇ ਪ੍ਰਭੂ ਦਾ ਨਾਮ (ਜਪ ਕੇ) ਹੀ। ਮਨਿ—ਮਨ ਵਿਚ। ਘਟਿ ਘਟਿ—ਹਰੇਕ ਸਰੀਰ ਵਿਚ।5।

ਸਗਲੋ—ਸਾਰਾ। ਬਿਸ੍ਰਾਮਾ—ਟਿਕਾਣਾ। ਅਨਹਤ—ਇਕ-ਰਸ, ਲਗਾਤਾਰ, ਬਿਨਾ ਸਾਜ਼ ਵਜਾਇਆਂ। ਵਾਜੈ—ਵੱਜ ਰਿਹਾ ਹੈ, ਰਾਗ ਹੋ ਰਿਹਾ ਹੈ। ਗਾਜੈ—ਗੱਜ ਰਿਹਾ ਹੈ, ਪੂਰਾ ਪ੍ਰਭਾਵ ਪਾ ਰਿਹਾ ਹੈ।6।

ਪਤੀਆਨਾ—ਪਤੀਜ ਗਿਆ ਹੈ, ਭਟਕਣੋਂ ਹਟ ਗਿਆ ਹੈ। ਨਿਹਚਲ ਧਨੀ—ਸਦਾ ਕਾਇਮ ਰਹਿਣ ਵਾਲਾ ਮਾਲਕ। ਪਛਾਨਾ—ਪਛਾਣ ਲਿਆ ਹੈ, ਸਾਂਝ ਪਾ ਲਈ ਹੈ। ਬਿਬੇਕਾ—ਚੰਗੇ ਮਾੜੇ ਕੰਮ ਦੀ ਪਰਖ। ਚਰੀ—ਚੜ੍ਹੀ ਹੈ। ਹਥਿ—ਹੱਥ ਵਿਚ। ਟੇਕ—ਆਸਰਾ।7।

ਧੁਰਿ—ਧੁਰ ਦਰਗਾਹ ਤੋਂ। ਅਚਿੰਤਾ—ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ। ਚਿੰਤ ਸਗਲੀ—ਸਾਰੀ ਚਿੰਤਾ। ਪ੍ਰਭ ਮਈ—ਪ੍ਰਭੂ ਦਾ ਰੂਪ।8।

ਅਰਥ:- ਹੇ ਭਾਈ! ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦਾ ਨਾਮ ਜਪ ਕੇ (ਮੇਰੇ ਅੰਦਰੋਂ ਸਾਰੇ) ਵੈਰ-ਵਿਰੋਧ ਨਾਸ ਹੋ ਗਏ ਹਨ, (ਮੇਰੇ ਅੰਦਰੋਂ) ਮਾਇਆ ਦੇ ਮੋਹ ਦੇ ਹਨੇਰੇ ਦੂਰ ਹੋ ਗਏ ਹਨ। ਹੇ ਭਾਈ! ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਜਪ ਕੇ ਹੀ ਮੇਰੇ ਮਨ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਪਿਆਰੀ ਲੱਗ ਰਹੀ ਹੈ, ਅਤੇ ਉਸ ਪਰਮਾਤਮਾ ਨੂੰ ਮੈਂ ਹਰੇਕ ਹਿਰਦੇ ਵਿਚ ਵੱਸਦਾ ਵੇਖ ਲਿਆ ਹੈ।5।

ਹੇ ਭਾਈ! ਚਿੰਤਾ ਦੂਰ ਕਰਨ ਵਾਲੇ ਹਰਿ-ਨਾਮ ਦੀ ਬਰਕਤਿ ਨਾਲ ਮੇਰੀ ਸਾਰੀ ਭਟਕਣਾ ਮੁੱਕ ਗਈ ਹੈ, (ਜਦੋਂ ਤੋਂ) ਅਚਿੰਤ ਪ੍ਰਭੂ ਮੇਰੇ ਮਨ ਵਿਚ ਆ ਵੱਸਿਆ ਹੈ, ਮੇਰੇ ਅੰਦਰ ਆਤਮਕ ਆਨੰਦ ਦਾ (ਪੱਕਾ) ਟਿਕਾਣਾ ਬਣ ਗਿਆ ਹੈ। ਹੁਣ ਮੇਰੇ ਅੰਦਰ ਚਿੰਤਾ ਦੂਰ ਕਰਨ ਵਾਲੇ ਹਰਿ-ਨਾਮ ਦਾ ਇੱਕ-ਰਸ ਵਾਜਾ ਵੱਜ ਰਿਹਾ ਹੈ, ਮੇਰੇ ਅੰਦਰ ਗੋਬਿੰਦ ਦਾ ਨਾਮ ਹੀ ਹਰ ਵੇਲੇ ਗੱਜ ਰਿਹਾ ਹੈ।6।

ਹੇ ਭਾਈ! ਚਿੰਤਾ ਦੂਰ ਕਰਨ ਵਾਲੇ ਹਰਿ-ਨਾਮ ਦੀ ਬਰਕਤਿ ਨਾਲ ਮੇਰਾ ਮਨ ਭਟਕਣੋਂ ਹਟ ਗਿਆ ਹੈ, ਅਚਿੰਤ ਹਰਿ-ਨਾਮ ਜਪ ਕੇ ਮੈਂ ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨਾਲ ਸਾਂਝ ਪਾ ਲਈ ਹੈ। ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਜਪ ਕੇ ਹੀ ਮੇਰੇ ਅੰਦਰ ਚੰਗੇ ਮਾੜੇ ਕੰਮ ਦੀ ਸਾਰੀ ਪਛਾਣ ਪੈਦਾ ਹੋ ਗਈ ਹੈ। ਇਸ ਅਚਿੰਤ ਹਰਿ-ਨਾਮ ਦੀ ਮੈਨੂੰ ਸਦਾ ਲਈ ਟੇਕ ਮਿਲ ਗਈ ਹੈ।7।

ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ ਪ੍ਰਭੂ ਨੇ ਚਿੰਤਾ ਦੂਰ ਕਰਨ ਵਾਲੇ ਹਰਿ-ਨਾਮ ਦੀ ਪ੍ਰਾਪਤੀ ਦਾ ਲੇਖ ਧੁਰ ਦਰਗਾਹ ਤੋਂ ਲਿਖ ਦਿੱਤਾ ਹੈ, ਉਸ ਨੂੰ ਉਹ ਸਭ ਦਾ ਮਾਲਕ ਪ੍ਰਭੂ ਮਿਲ ਜਾਂਦਾ ਹੈ। ਹੇ ਭਾਈ! ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਜਪ ਕੇ ਮੇਰੀ ਸਾਰੀ ਚਿੰਤਾ ਦੂਰ ਹੋ ਗਈ ਹੈ, ਹੁਣ ਮੈਂ ਨਾਨਕ ਸਦਾ ਲਈ ਪ੍ਰਭੂ ਵਿਚ ਲੀਨ ਹੋ

ਗਿਆ ਹਾਂ।8।3।6।

ਅੰਕਾਂ ਦਾ ਵੇਰਵਾ

ਅਸਟਪਦੀਆ ਮਹਲਾ 1 — 1
ਅਸਟਪਦੀਆ ਮਹਲਾ 3 — 2
ਅਸਟਪਦੀਆ ਮਹਲਾ 5 — 3
. . . . . . . . . . . . . —:
. . . . ਜੋੜ . . . . . . . . 6